# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ।

## ਪ੍ਰੈਸ -ਨੋਟ

## ਮੇਅਰ ਸ਼ਿਵ ਸੂਦ ਵੱਲੋਂ ਸਫਾਈ ਕਰਮਚਾਰੀਆਂ ਦੀ ਹਾਜ਼ਰੀ ਦੀ ਅਚਨਚੇਤ ਚੈਕਿੰਗ।

## ਗੈਰ-ਹਾਜ਼ਰ 2 ਕਰਮਚਾਰੀਆਂ ਨੂੰ ਸ਼ੋਅ ਕਾਜ ਨੋਟਿਸ ਜਾਰੀ ਕਰਨ ਦੀ ਹਦਾਇਤ

ਹੁਸ਼ਿਆਰਪੁਰ 2 ਜੂਨ ਨਗਰ ਨਿਗਮ ਹੁਸ਼ਿਆਰਪੁਰ ਦੀ ਮਾਡਲ ਟਾਊਨ ਬੀਟ ਦੇ ਸਫਾਈ ਕਰਮਚਾਰੀਆਂ ਦੀ ਮੇਅਰ ਸ਼ਿਵ ਸੂਦ ਨੇ ਹਾਜ਼ਰੀ ਦੀ ਅਚਨਚੇਤ ਚੈਕਿੰਗ ਕੀਤੀ। ਮੰਡਲ ਪ੍ਰਧਾਨ ਵਿਨੋਦ ਪਰਮਾਰ, ਕੌਂਸਲਰ ਰਾਮੇਸ਼ ਕੁਮਾਰ ਠਾਕੁਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਚੈਕਿੰਗ ਦੌਰਾਨ ਹਾਜਰੀ ਰਜਿਸਟਰ ਚੈਕ ਕਰਨ ਤੇ 2 ਸਫਾਈ ਕਰਮਚਾਰੀ ਮੌਕੇ ਤੇ ਗੈਰ-ਹਾਜਰ ਪਾਏ ਗਏ। ਮੇਅਰ ਸ਼ਿਵ ਸੂਦ ਨੇ ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ ਨੂੰ ਗੈਰ-ਹਾਜ਼ਰ ਕਰਮਚਾਰੀਆਂ ਨੂੰ ਸ਼ੋਅ ਕਾਜ ਨੋਟਿਸ ਜਾਰੀ ਕਰਨ ਲਈ ਕਿਹਾ। ਉਹਨਾਂ ਕਿਹਾ ਕਿ ਸਫਾਈ ਕਰਮਚਾਰੀ ਆਪਣੀ ਡਿਊਟੀ ਤੇ ਸਮੇਂ ਸਿਰ ਹਾਜ਼ਰ ਹੋਣ ਅਤੇ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ ਤਾਂ ਜੋ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਏ ਜਾ ਰਹੇ ਸੱਵਛ ਭਾਰਤ ਅਭਿਆਨ ਤਹਿਤ ਸ਼ਹਿਰ ਨੂੰ ਸਾਫ ਸੁਥਰਾ ਬਣਾਇਆ ਜਾ ਸਕੇ। ਉਹਨਾਂ ਦੱਸਿਆ ਕਿ ਸਫਾਈ ਕਰਮਚਾਰੀਆਂ ਦੀ ਸਮੇਂ ਸਿਰ ਹਾਜ਼ਰੀ ਯਕੀਨੀ ਬਣਾਉਣ ਲਈ ਅਚਨਚੇਤ ਚੈਕਿੰਗ ਜਾਰੀ ਰਹੇਗੀ। ਉਹਨਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਗਰ ਨਿਗਮ ਵਲੋ ਚਲਾਏ ਜਾ ਰਹੇ ਸਫਾਈ ਅਭਿਆਨ ਤਹਿਤ ਸੁ਼ਹਿਰ ਨੂੰ ਸਾਫ ਸੁੱਥਰਾ ਬਣਾਉਣ ਲਈ ਸਫਾਈ ਸੇਵਕਾਂ ਅਤੇ ਕਰਮਚਾਰੀਆਂ ਦੀ ਸਮੇ ਸਿਰ ਹਾਜ਼ਰੀ ਯਕੀਨੀ ਬਣਾਈ ਜਾਵੇ।